


ਹੱਕ ਸੱਚ ਦੀ ਆਵਾਜ਼

# ਫਤਿਹ ਟਾਈਮਜ਼

ਰੋਜ਼ਾਨਾ ਡਿਜੀਟਲ ਐਡੀਸ਼ਨ

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ ।।



ਮੁੱਖ ਸੰਪਾਦਕ
ਸਰਬਜੋਤ ਸਿੰਘ ਖਾਲਸਾ

ਮੁੱਖ ਸੰਪਾਦਕ ਸਰਬਜੋਤ ਸਿੰਘ ਖਾਲਸਾ | www.fatehtimesmedia.com | Email- fatehtimes1699@gmail.com

ਰਜਿ ਨੰ : ਪੀ ਬੀ 22000167 | ਫਤਿਹਾਬਾਦ , ਐਤਵਾਰ 1 ਜੂਨ 2025, ਨਾਨਕਸ਼ਾਹੀ 19 ਜੇਠ , ਸੰਮਤ 557 | ਸਾਲ: 4, ਅੰਕ 104, ਪੰਨੇ: 4, ਮੁੱਲ: 4 ਰੁਪਏ


## ਸ਼ਹੀਦ ਭਾਈ ਮਹਿੰਗਾ ਸਿੰਘ ਬੱਬਰ ਅਤੇ ਸਮੂਹ ਸ਼ਹੀਦਾਂ ਦੀ ਯਾਦ'ਚ ਅਖੰਡ ਪਾਠ ਰੱਖੇ ਜਾਣ ਨਾਲ ਘੱਲੂਘਾਰੇ ਹਫ਼ਤੇ ਦੀ ਹੋਈ ਅਰੰਭਤਾ



ਅੰਮ੍ਰਿਤਸਰ, 30 ਮਈ (ਫ.ਟ.ਬ) ਜਥੇਦਾਰ ਜਗਤਾਰ ਸਿੰਘ ਹਵਾਰਾ ਕਮੇਟੀ ਵਲੋਂ ਪੰਥਕ ਜਥੇਬੰਦੀਆਂ ਦੇ ਸਹਿਯੋਗ ਨਾਲ ਅੱਜ ਗੁ.ਬਾਬਾ ਅੱਟਲ ਰਾਏ ਸਾਹਿਬ ਵਿਖੇ ਘੱਲੂਘਾਰੇ ਦੇ ਪਹਿਲੇ ਸ਼ਹੀਦ ਭਾਈ ਮਹਿੰਗਾ ਸਿੰਘ ਬੱਬਰ ਅਤੇ ਸਮੂਹ ਸ਼ਹੀਦਾਂ ਦੀ ਯਾਦ'ਚ ਅੰਖਡ ਪਾਠ ਸਾਹਿਬ ਰੱਖਵਾਏ ਜਾਣ ਨਾਲ ਘੱਲੂਘਾਰਾ ਹਫ਼ਤੇ ਦੀ ਅਰੰਭਤਾ ਹੋ ਗਈ ਹੈ। ਪਹਿਲੀ ਜੂਨ 1984 ਨੂੰ ਨੀਮ ਫ਼ੌਜੀ ਦਸਤਿਆਂ ਵੱਲੋਂ ਸ੍ਰੀ ਦਰਬਾਰ ਸਾਹਿਬ ਅਤੇ ਗੁ.ਬਾਬਾ ਅਟੱਲ ਰਾਏ ਸਾਹਿਬ ਤੇ ਦਿੱਲੀ ਤੋਂ ਮਿਲੇ ਹੁਕਮਾਂ ਤੇ ਚੱਲਦਿਆਂ ਭਾਰੀ ਗੋਲੀ ਬਾਰੀ ਕੀਤੀ ਗਈ ਸੀ। ਬੱਬਰ ਖਾਲਸਾ ਜਥੇਬੰਦੀ ਦੇ ਭਾਈ ਮਹਿੰਗਾ ਸਿੰਘ ਬੱਬਰ ਗੁ ਬਾਬਾ ਅਟੱਲ ਰਾਏ ਤੋਂ ਸਰਕਾਰੀ ਹਮਲੇ ਦਾ ਬਹਾਦੁਰੀ ਨਾਲ ਜਵਾਬ ਦਿੰਦੇ ਹੋਏ ਸ਼ਹੀਦ ਹੋ ਗਏ ਸਨ। ਉਨ੍ਹਾਂ ਨੂੰ 84 ਦੇ ਘੱਲੂਘਾਰੇ ਦਾ ਪਹਿਲਾ ਸ਼ਹੀਦ ਹੋਣ ਦਾ ਮਾਣ ਹਾਸਲ ਹੋਇਆ ਅਤੇ ਉਨ੍ਹਾਂ ਦਾ ਸਸਕਾਰ ਅਗਲੇ ਦਿਨ ਗੁ ਮੰਜੀ ਸਾਹਿਬ ਦੀਵਾਨ ਹਾਲ ਦੇ ਨਜ਼ਦੀਕ ਪੰਥਕ ਸ਼ਖਸੀਅਤਾਂ ਵੱਲੋਂ ਕੀਤਾ ਗਿਆ ਸੀ। ਅਗਲੇ ਦਿਨਾਂ ਵਿੱਚ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਵਾਲੇ, ਭਾਈ ਅਮਰੀਕ ਸਿੰਘ ਜਨਰਲ ਸ਼ਾਬੇਗ ਸਿੰਘ ਅਤੇ ਅਨੇਕਾਂ ਸਿੰਘਾ ਨੇ ਫੌਜ ਨਾਲ ਲੜਦੇ ਸ਼ਹੀਦੀਆਂ ਦਿੱਤੀਆਂ ਸਨ। ਸਾਰੇ ਸ਼ਹੀਦਾਂ ਨੂੰ ਹਰ ਸਾਲ ਗੁਰਬਾਣੀ ਰਾਹੀ ਯਾਦ ਕੀਤਾ ਜਾਂਦਾ ਹੈ। ਹਵਾਰਾ ਕਮੇਟੀ ਦੇ ਪ੍ਰੋਫੈਸਰ ਬਲਜਿੰਦਰ ਸਿੰਘ, ਬਾਪੂ ਗੁਰਚਰਨ ਸਿੰਘ ਅਤੇ ਮਹਾਬੀਰ ਸਿੰਘ ਸੁਲਤਾਨਵਿੰਡ ਨੇ ਦੱਸਿਆ ਕਿ ਸਮਾਪਤੀ ਉਪਰੰਤ ਸਮੂਹ ਸੰਗਤ ਸ੍ਰੀ ਅਕਾਲ ਤਖਤ (ਬਾਕੀ ਸਫਾ 3 ਤੇ)

## ਮਾਣਯੋਗ ਵਿੱਤ ਮੰਤਰੀ ਦੀ ਪ੍ਰਧਾਨਗੀ ਵਾਲੀ ਸਬ ਕਮੇਟੀ ਵੱਲੋ ਯੂਨੀਅਨ ਦੀਆਂ ਮੰਗਾਂ ਪੂਰੀਆਂ ਕਰਨ ਲਈ ਅਧਿਕਾਰੀਆਂ ਨੂੰ ਦਿੱਤੇ ਹੁਕਮ



ਚੋਹਲਾ ਸਾਹਿਬ 31 ਮਈ (ਸਨਦੀਪ ਸਿੱਧੂ,ਪਰਮਿੰਦਰ ਚੋਹਲਾ) ਮਾਨਯੋਗ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਓਹਨਾ ਦੀ ਪ੍ਰਧਾਨਗੀ ਵਾਲੀ ਸਬ ਕਮੇਟੀ ਦੀ ਮੀਟਿੰਗ ਵੱਖ ਵੱਖ ਯੂਨੀਅਨਾਂ ਨਾਲ ਹੋਈ,ਇਸ ਸਮੇਂ ਅੱਜ ਡੀ ਐਸ ਟੀ$ਸੀ ਟੀ ਐਸ ਕੰਟਰੈਕਟ ਇੰਸਟਰੱਕਟਰ ਯੂਨੀਅਨ ਦੇ ਪ੍ਰਧਾਨ ਨਾਲ ਵੀ ਯੂਨੀਅਨ ਦੀਆ ਜਾਇਜ ਮੰਗਾਂ ਨੂੰ ਸੁਣਿਆ ਗਿਆ ਯੂਨੀਅਨ ਵੱਲੋਂ ਆਪਣੀਆਂ ਜਾਇਜ ਮੰਗ ਵਿਚ 58 ਸਾਲ ਦੀ ਉਮਰ ਤਕ ਸੇਵਾ ਦੀ ਸੁਰੱਖਿਆ ਦੇਣਾ , ਤਨਖਾਹਾਂ ਵਿਚ ਵਾਧਾ ਕਰਨਾ ਅਤੇ ਸਾਲਾਨਾ ਇੰਕਰੀਮੈਂਟ ਦੇਣਾ , ਵੱਖ ਵੱਖ ਛੁੱਟੀਆਂ ਦਾ ਲਾਭ ਦੇਣਾ ਜਿਵੇਂ ਮੈਡੀਕਲ ਛੁੱਟੀ, ਮੇਟਰਨੀਟੀ ਛੁੱਟੀ, ਕੈਸੁਅਲ ਛੁੱਟੀ ਦੇਣਾ,ਅਤੇ ਕਈ ਹੋਰ ਮੰਗਾਂ ਉਪਰ ਚਰਚਾ ਕੀਤੀ ਗਈ ਮਾਨਯੋਗ ਵਿੱਤ ਮੰਤਰੀ ਸਾਹਿਬ ਜੀ ਵੱਲੋ ਮੀਟਿੰਗ ਵਿੱਚ ਮੌਜੂਦ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੇ ਡਾਇਰੈਕਟਰ ਸਾਹਿਬ,ਪਰਸੋਨਲ ਵਿਭਾਗ ਦੇ ਅਧਿਕਾਰੀ ਅਤੇ ਹੋਰ ਮੀਟਿੰਗ ਵਿਚ ਆਏ ਅਧਿਕਾਰੀਆਂ ਨੂੰ ਯੂਨੀਅਨ ਦੀਆਂ ਮੰਗਾਂ ਸਬੰਧੀ ਜਲਦੀ ਪਰਪੋਸਲ ਬਣਾਉਣ ਲਈ ਕਿਹਾ ਗਿਆ ਹੈ। ਸਾਨੂੰ ਉਮੀਦ ਹੈ ਕਿ ਇਹ ਮੀਟਿੰਗ ਸਾਡੀਆਂ ਮੰਗਾਂ ਨੂੰ ਪੂਰਾ ਕਰਨ ਲਈ ਆਖਰੀ ਮੀਟਿੰਗ ਹੋਵੇਗੀ ਅਤੇ ਸਾਡੀਆਂ ਮੰਗਾਂ ਜਲਦੀ ਹੀ ਪੂਰੀਆਂ ਕੀਤੀਆਂ ਜਾਣਗੀਆਂ। ਇਸ ਸਮੇਂ ਡੀ ਐਸ ਟੀ ਸੀ ਟੀ ਐਸ ਕੰਟਰੈਕਟ ਇੰਸਟਰੱਕਟਰ ਯੂਨੀਅਨ ਦੇ ਪ[illegible]ਰਧਾਨ ਸੰਦੀਪ ਸਿੰਘ ਸਮੇਤ ਉਪ ਪ੍ਰਧਾਨ ਸਿਮਰਨਜੀਤ ਸਿੰਘ, ਸਵਰਨ ਸਿੰਘ,ਨੀਨਾ ਰਾਣੀ, ਜਸਵਿੰਦਰ ਸਿੰਘ, ਵੀਰਪਾਲ ਸਿੰਘ ਸ਼ਾਮਲ ਸਨ।

## ਮਿਹਨਤ ਨਾਲ ਹਰ ਮੈਦਾਨ ਫਤਿਹ ਹੋ ਸਕਦੈ।

### ਸਰਬਜੋਤ ਸਿੰਘ ਖਾਲਸਾ

ਮਨੁੱਖ ਕੁਦਰਤ ਦੀ ਬਣਾਈ ਉਹ ਸ਼ੈਅ ਹੈ ਜੋ ਮਰਿਆਦਾ ਚ ਰਹੇ ਤਾ ਵਿਕਾਸ ਹੁੰਦਾ ਤੇ ਜੇਕਰ ਮਰਿਆਦਾ ਤੋਂ ਬਾਹਰ ਹੋ ਜਾਵੇ ਫਿਰ ਵਿਨਾਸ਼ ਹੀ ਹੁੰਦਾ । ਇਨਸਾਨ ਆਪਣੀ ਜਿੰਦਗੀ ਵਿਚ ਕੁਝ ਨਾ ਕੁਝ ਕਰਨ ਲਈ ਹਮੇਸ਼ਾ ਤਰਲੋ ਮੱਛੀ ਹੁੰਦਾ ਰਹਿੰਦਾ ਹੈ ਪਰ ਜੇਕਰ ਉਸ ਨੇ ਕੋਈ ਟੀਚਾ ਨਹੀ ਮਿੱਥਿਆ ਤਾ ਉਸ ਦੀ ਸਾਰੀ ਘਾਲਣਾ ਵਿਅਰਥ ਚਲੇ ਜਾਂਦੀ ਹੈ ਕਿਉ ਕਿ ਉਸ ਨੇ ਕੋਈ ਟੀਚਾ ਨਹੀ ਮਿੱਥਿਆ ਹੁੰਦਾ । ਮੰਜਿਲਾਂ ਭਾਵੇਂ ਜਿੰਨੀਆਂ ਮਰਜੀ ਉੱਚੀਆਂ ਹੋਣ ਪਰ ਰਸਤੇ ਤਾਂ ਹਮੇਸ਼ਾਂ ਪੈਰਾਂ ਥੱਲੇ ਹੁੰਦੇ ਨੇ। ਇਨਸਾਨ ਮਿਹਨਤ ਕਰਕੇ ਕਿਸੇ ਵੀ ਟੀਚੇ ਨੂੰ ਹਾਸਲ ਕਰ ਸਕਦਾ ਹੈ ਹਾਂ ਉਸ ਇਨਸਾਨ ਵਲੋਂ ਆਪਣੇ ਟੀਚੇ ਦੀ ਪ੍ਰਾਪਤੀ ਤੱਕ ਸਖਤ ਮਿਹਨਤ ਕਰਦੇ ਰਹਿਣ ਦੀ ਲੋੜ ਹੁੰਦੀ ਹੈ । ਇਸ ਲਈ ਜਿੰਦਗੀ ਨੂੰ ਇਕੱਲਾ ਸਮਾਂ ਲੰਗਾਉਣ ਲਈ ਨਹੀ ਇਕ ਟੀਚਾ ਮਿੱਥ ਕੇ ਜੀਓ ਤਾ ਫਿਰ ਮਿਹਨਤ ਹਮੇਸ਼ਾ ਤੁਹਾਡਾ ਸਾਥੀ ਬਣ ਕੇ ਨਾਲ ਰਹੇਗੀ ।

## ਸੀ.ਐਚ.ਸੀ ਮੀਆਂਵਿੰਡ ਅਧੀਨ ਆਉਦੇ ਸਕੂਲਾ ਚ ਮਾਹਵਾਰੀ ਸਵੱਛਤਾ ਦਿਵਸ ਮਨਾਇਆ




ਤਰਨ ਤਾਰਨ, 31 ਮਈ (ਐਸ ਐਸ ਸੰਧਾ) ਸਿਵਲ ਸਰਜਨ ਡਾਕਟਰ ਗੁਰਪ੍ਰੀਤ ਸਿੰਘ ਰਾਏ ਦੇ ਦਿਸ਼ਾ-ਨਿਰਦੇਸ਼ ਹੇਠ ਡਾਕਟਰ ਵਰਿੰਦਰਪਾਲ ਕੌਰ ਜਿਲਾ ਟੀਕਾਕਰਨ ਅਫਸਰ ਅਤੇ ਡਾਕਟਰ ਸ਼ਲਿੰਦਰ ਸਿੰਘ ਸੀਨੀਅਰ ਮੈਡੀਕਲ ਅਫਸਰ ਮੀਆਂਵਿੰਡ ਦੀ ਯੋਗ ਅਗਵਾਈ ਹੇਠ ਸੀਨੀਅਰ ਸਕੈਂਡਰੀ ਸਕੂਲ (ਲੜਕੀਆ) ਚ ਮਾਹਵਰੀ ਦਿਵਸ ਮਨਾਇਆ ਗਿਆ ਜਿਸ ਦੀ ਜਾਣਕਾਰੀ ਦਿੰਦਿਆ ਡਾਕਟਰ ਸ਼ਲਿੰਦਰ ਸਿੰਘ ਨੇ ਦੱਸਿਆ ਕਿ 28 ਮਈ ਨੂੰ ਵਿਸਵ ਭਰ ਚ ਮਾਹਵਾਰੀ ਦਿਵਸ ਮਨਾਇਆ ਜਾਦਾ ਹੈ ਇਸ ਸਬੰਧੀ ਡਾ ਗੁਰਵਿੰਦਰ ਕੌਰ ਨੇ ਸਕੂਲ ਦੀਆ ਵਿਦਿਆਰਥਣਾ ਨੂੰ ਦੱਸਿਆ ਕਿ ਮਾਹਵਾਰੀ ਇੱਕ ਕੁਦਰਤੀ ਪ੍ਰਕਿਰਿਆ ਹੈ ਜੋ ਔਰਤ ਵਿੱਚ 14 ਸਾਲ ਤੋ 45 ਸਾਲ ਦੀ ਉਮਰ ਤੱਕ ਚੱਲਦੀ ਹੈ ਜੋ ਕਿ ਹਰ ਮਹੀਨੇ 4 ਦਿਨ ਤੱਕ ਚੱਲਦੀ ਹੈ ਇਸ ਬਾਰੇ ਗਲਤਫੈਮੀਆ ਅਤੇ ਸਾਫ ਸਫਾਈ ਦੀ ਘਾਟ ਕਾਰਨ ਔਰਤਾ ਚ ਬਹੁਤ ਸਾਰੀਆਂ ਬਿਮਾਰੀਆਂ ਹੋ ਜਾਦੀਆ ਹਨ ਜਿਵੇ ਬੱਚੇਦਾਨੀ ਦੀਆ ਰਸੌਲੀਆ ,ਬਾਂਝਪਨ, ਲਾਗ ਦੇ ਰੋਗ , ਬਦਬੂਦਾਰ ਪਾਣੀ ਤੇ ਭਾਰ ਪੈਣ ਦੀ ਸਿਕਾਇਤ ਹੁੰਦੀ ਹੈ ਡਾ ਚਰਨਕੰਵਲ ਸਿੰਘ ਨੇ ਦੱਸਿਆ ਕਿ ਇਹ ਦਿਵਸ ਮਨਾਉਣ ਦਾ ਮਕਸਦ ਕਿਸ਼ੋਰ ਅਵਸਥਾ ਵਾਲੀਆ ਲੜਕੀਆ ਨੂੰ ਮਾਹਵਾਰੀ ਦੌਰਾਨ ਅਪਣਾਈ ਜਾਣ ਸਵੱਛਤਾ ਬਾਰੇ ਜਾਗਰੂਕ ਕਰਨਾ ਹੈ ਅਤੇ ਸਾਲ 2025 ਦਾ ਥੀਮ ' ਪੀਰੀਅਡ ਫਰੈਂਡਲੀ ਵਰਲਡ' ਹੈ ਤੇਜਿੰਦਰ ਸਿੰਘ ਬੀ.ਈ.ਈ ਨੇ ਦੱਸਿਆ ਕਿ ਮਾਹਵਾਰੀ ਸਵੱਛਤਾ ਸਬੰਧੀ ਸਿਹਤ ਵਿਭਾਗ ਦੀਆ ਆਰ.ਬੀ.ਐੱਸ ਕੇ ਦੀਆ ਟੀਮਾ ਵੱਲੋ ਵੱਖ ਵੱਖ ਸਕੂਲਾ ਵਿੱਚ ਜਾ ਕੇ ਇਸ ਬਾਰੇ ਜਾਗਰੂਕ ਕੀਤਾ ਜਾਵੇਗਾ ਅਤੇ ਮਾਹਵਾਰੀ ਸਵੱਛਤਾ ਦਿਵਸ ਨੂੰ ਸਮਰਪਿਤ ਕੁਇੰਜ ਮੁਕਾਬਲੇ ਵੀ ਕਰਵਾਏ ਜਾਣਗੇ ਤਾ ਜੋ ਇਸ ਦਿਵਸ ਦੀ ਮਹੱਤਤਾ ਬਾਰੇ ਲੋਕਾ ਚ ਵੱਧ ਤੋ ਵੱਧ ਜਾਗਰੂਕਤਾ ਆਵੇ ਇਸ ਮੌਕੇ ਗੁਰਪ੍ਰੀਤ ਕੌਰ ਹੈਡ ਟੀਚਰ, ਬਾਵਾ ਸਿੰਘ ਫਾਰਮੇਸੀ ਅਫਸਰ, ਸੀ ਐਚ ਓ, ਐਲ ਐਚ ਵੀ,ਏ ਐਨ ਐਮ, ਆਸਾ ਫਸੀਲੀਟੇਟਰ ਆਸਾ ਵਰਕਰ ਹਾਜ਼ਰ ਸਨ।


LIC ਬੀਮਾ ਸੇਵਾ ਕੇਂਦਰ

भारतीय जीवन बीमा निगम
LIFE INSURANCE CORPORATION OF INDIA

ਬੱਚਿਆਂ ਲਈ ਐਜੂਕੇਸ਼ਨ ਬੀਮਾ ਪੌਲਸੀ,
ਲੜਕੀਆਂ ਲਈ ਕੰਨਿਆਦਾਨ ਪੌਲਸੀ,
ਬੁਢਾਪਾ ਪੈਨਸ਼ਨ ਸਕੀਮ,ਮਨੀ ਬੈੱਕ ਪੌਲਸੀ,
ਰੋਜ਼ਾਨਾ ਬਚਤ ਪੌਲਸੀ,ਕਰੋੜਪਤੀ ਸਕੀਮ।

ਡੈਂਥ ਕਲੇਮ,ਮਚਿਊਰਟੀ ਜਾ ਫਿਰ ਹੋਰ
ਐਲ ਆਈ ਸੀ ਸੇਵਾ ਲਈ ਸੰਪਰਕ ਕਰੋ:
ਐਸ ਐਸ ਸੰਧਾ ਮੋ:9988537575

ਅਖਬਾਰਾਂ ਵਿਚ ਨਾਮ ਬਦਲੀ,ਬੇਦਖਲੀ ਨੋਟਿਸ,ਟਿਊਬਵੈਲ ਕੁਨੈਕਸ਼ਨ ਅਤੇ ਹੋਰ ਇਸ਼ਤਿਹਾਰ ਦੇਣ ਵੀ ਲਈ ਸੰਪਰਕ ਕਰੋ।


## ਪਾਬੰਦੀਸੁਦਾ ਕੈਪਸੂਲਾਂ ਅਤੇ ਨਸ਼ੀਲੀਆਂ ਗੋਲੀਆਂ ਸਣੇ 1 ਕਾਬੂ



ਤਪਾ ਮੰਡੀ, 31 ਮਈ (ਧੀਮਾਨ) ਜਿਲ੍ਹਾ ਪੁਲਿਸ ਮੁਖੀ ਬਰਨਾਲਾ ਮੁਹੰਮਦ ਸਰਫਰਾਜ਼ ਆਲਮ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੀ.ਐਸ.ਪੀ ਤਪਾ ਗੁਰਬਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਤਪਾ ਪੁਲਿਸ ਨੇ 4500 ਪਾਬੰਦੀਸ਼ੁਦਾ ਕੈਪਸੂਲਾਂ ਅਤੇ 260 ਨਸ਼ੀਲੀਆਂ ਖੁੱਲੀਆਂ ਗੋਲੀਆਂ ਸਣੇ ਇੱਕ ਵਿਅਕਤੀ ਨੂੰ ਕਾਬੂ ਕਰਕੇ ਮਾਮਲਾ ਦਰਜ ਕੀਤਾ ਹੈ।ਇਸ ਸਬੰਧੀ ਥਾਣਾ ਮੁਖੀ ਰੇਨੂੰ ਪਰੋਚਾ ਨੇ ਦੱਸਿਆ ਕਿ ਉਹ ਪੁਲਿਸ ਪਾਰਟੀ ਸਮੇਤ ਤਾਜੋ ਕੈਚੀਆਂ ਮੋਜੂਦ ਸੀ ਤਾਂ ਮੁਖਬਰ ਨੇ ਗੁਪਤ ਸੂਚਨਾ ਦਿੱਤੀ ਕਿ ਮੰਗਾ ਸਿੰਘ ਪੁੱਤਰ ਜੱਗਾ ਸਿੰਘ ਵਾਸੀ ਕਮੇਟੀ ਆਫਿਸ ਦੀ ਬੈਕਸਾਈਡ (ਬਰਨਾਲਾ) ਇਲਾਕੇ ਅੰਦਰ ਪਾਬੰਦੀਸ਼ੁਦਾ ਕੈਪਸੂਲ ਅਤੇ ਨਸ਼ੀਲੀਆਂ ਗੋਲੀਆਂ ਵੇਚਣ ਦਾ ਆਦੀ ਹੈ, ਜੋ ਅੱਜ ਵੀ ਕੈਪਸੂਲ ਅਤੇ ਗੋਲੀਆਂ ਵੇਚਣ ਦੀ ਤਾਕ 'ਚ ਹੈ ਅਗਰ ਕਾਰਵਾਈ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਪੁਲਿਸ ਨੇ ਤੁਰੰਤ ਹਰਕਤ 'ਚ ਆਉਂਦਿਆਂ ਤਾਜੋਕੇ ਰੋਡ ਸਥਿਤ ਉਕਤ ਨਸ਼ਾ ਤਸਕਰ ਨੂੰ ਇੱਕ ਕਿੱਟ ਸਮੇਤ ਕਾਬੂ ਕੀਤਾ,ਜਦ ਕਿੱਟ ਨੂੰ ਖੋਲ੍ਹਕੇ ਦੇਖਿਆ ਤਾਂ ਉਸ ਵਿਚੋਂ ਪਾਬੰਦੀਸੁਦਾ 4500 ਕੈਪਸੂਲ(ਸਿਗਨੇਚਰ) ਅਤੇ 260 ਖੁੱਲੀਆਂ ਕੀਰਨਸ਼ੀਲੀਆਂ ਗੋਲੀਆਂ ਬਰਾਮਦ ਹੋਈਆ। ਪੁਲਿਸ ਨੇ ਉਕਤ ਦੋਸ਼ੀ ਵਿਰੁੱਧ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਇਸ ਮੌਕੇ ਮੁੱਖ ਮੁਨਸੀ ਦਵਿੰਦਰ ਸਿੰਘ,ਕਾਂਸਟੇਬਲ ਅਰਸ਼ਦੀਪ ਸਿੰਘ,ਕਾਂਸਟੇਬਲ ਜਸਨਮੀਤ ਕੋਰ ਅਤੇ ਕਰਮਜੀਤ ਸਿੰਘ ਹਾਜਰ ਸਨ।

## ਸ਼੍ਰੋਮਣੀ ਕਮੇਟੀ ਨੇ ਸ਼ਰਧਾ ਨਾਲ ਮਨਾਇਆ ਪੰਜਵੇਂ ਪਾਤਸ਼ਾਹ ਜੀ ਦਾ ਸ਼ਹੀਦੀ ਦਿਹਾੜਾ

### ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਹੋਏ ਗੁਰਮਤਿ ਸਮਾਗਮ



ਅੰਮ੍ਰਿਤਸਰ, 31 ਮਈ (ਫ.ਟ.ਬ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਥੇ ਸਥਿਤ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹਜ਼ੂਰੀ ਰਾਗੀ ਭਾਈ ਗੁਰਿੰਦਰਪਾਲ ਸਿੰਘ ਤੇ ਭਾਈ ਦਵਿੰਦਰ ਸਿੰਘ ਦੇ ਜਥੇ ਵੱਲੋਂ ਇਲਾਹੀ ਬਾਣੀ ਦਾ ਕੀਰਤਨ ਕੀਤਾ ਗਿਆ। ਅਰਦਾਸ ਉਪਰੰਤ ਕਥਾਵਾਚਕ ਗਿਆਨੀ ਜਸਵੰਤ ਸਿੰਘ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਦੇ ਇਤਿਹਾਸ ਸਬੰਧੀ ਕਥਾ ਵਿਚਾਰ ਕੀਤੀ। ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਜੀਵਨ ਇਤਿਹਾਸ ਤੋਂ ਪ੍ਰੇਰਨਾ ਲੈਣ ਦੀ ਅਪੀਲ ਕਰਦਿਆਂ ਬਾਣੀ ਅਤੇ ਬਾਣੇ ਨਾਲ ਜੁੜਨ ਲਈ ਪ੍ਰੇਰਿਆ। ਇਸ ਮੌਕੇ ਸਜਾਏ ਗਏ ਗੁਰਮਤਿ ਸਮਾਗਮ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀਸ਼ਨਲ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਕਥਾ ਵਿਚਾਰਾਂ ਕੀਤੀਆਂ ਅਤੇ ਹਜ਼ੂਰੀ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸਮਾਗਮ ਸਮੇਂ ਢਾਡੀ, ਕਵੀਸ਼ਰ ਤੇ ਪ੍ਰਚਾਰਕ ਸਿੰਘਾਂ ਨੇ ਸੰਗਤਾਂ ਨੂੰ ਗੁਰ-ਇਤਿਹਾਸ ਸਰਵਨ ਕਰਵਾਇਆ ਅਤੇ ਕਵੀਆਂ ਵੱਲੋਂ ਗੁਰੂ ਸਾਹਿਬ ਜੀ ਨਾਲ ਸਬੰਧਤ ਕਵਿਤਾਵਾਂ ਪੇਸ਼ ਕੀਤੀਆਂ ਗਈਆਂ।ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ (ਬਾਕੀ ਸਫਾ 3 ਤੇ)

### ਪੰਜਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਨੇ ਕੌਮ ਨੂੰ ਹੱਕ, ਸੱਚ ਦੀ ਰਾਖੀ ਲਈ ਸੰਘਰਸ਼ ਕਰਨ ਦੀ ਪ੍ਰੇਰਣਾ ਦਿੱਤੀ - ਐਡਵੋਕੇਟ ਧਾਮੀ

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸਤਿਕਾਰ ਭੇਟ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਮਨੁੱਖਤਾ ਲਈ ਚਾਨਣ-ਮੁਨਾਰਾ ਹੈ। ਉਨ੍ਹਾਂ ਕਿਹਾ ਕਿ ਪੰਜਵੇਂ ਪਾਤਸ਼ਾਹ ਜੀ ਨੇ ਜਿਥੇ ਵੱਡਾ ਪਰਉਪਕਾਰ ਕਰਦਿਆਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਤਿਆਰ ਕਰਵਾਇਆ ਅਤੇ ਸੰਗਤਾਂ ਨੂੰ ਸ਼ਬਦ ਨਾਲ ਜੋੜਿਆ, ਉਥੇ ਗੁਰੂ ਸਾਹਿਬ ਦੀ ਸ਼ਹਾਦਤ ਨੇ ਸਿੱਖ ਕੌਮ ਨੂੰ ਹੱਕ, ਸੱਚ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਸੰਘਰਸ਼ ਕਰਨ ਦੀ ਅਜਿਹੀ ਪ੍ਰੇਰਣਾ ਦਿੱਤੀ, ਜਿਸ ਦੀ ਮਿਸਾਲ ਦੁਨੀਆਂ ਦੇ ਇਤਿਹਾਸ ਵਿੱਚ ਕਿਧਰੇ ਹੋਰ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸਬਰ, ਸੰਤੋਖ ਅਤੇ ਨਿਮਰਤਾ ਨਾਲ ਸੱਚ ਦਾ ਰਾਹ ਚੁਣਿਆ ਅਤੇ ਸਿੱਖੀ (ਬਾਕੀ ਸਫਾ 3 ਤੇ)

# ਆਮ ਆਦਮੀ ਪਾਰਟੀ ਵੱਲੋਂ ਤਰਸੇਮ ਸਿੰਘ ਕਾਹਨੇਕੇ ਮੁੜ ਜ਼ਿਲ੍ਹਾ ਸੈਕਟਰੀ ਨਿਯੁਕਤ



ਤਪਾ ਮੰਡੀ, 31 ਮਈ (ਧੀਮਾਨ) ਵਿਧਾਨ ਸਭਾ ਹਲਕਾ ਭਦੌੜ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਮਾਰਕੀਟ ਕਮੇਟੀ ਤਪਾ ਦੇ ਚੇਅਰਮੈਨ ਤਰਸੇਮ ਸਿੰਘ ਕਾਹਨੇਕੇ ਨੂੰ ਮੁੜ ਜਿਲ੍ਹਾ ਸੈਕਟਰੀ ਨਿਯੁਕਤ ਕੀਤਾ ਗਿਆ। ਇਸ ਮੌਕੇ ਪਤਰਕਾਰਾਂ ਨਾਲ ਗਲਬਾਤ ਕਰਦਿਆਂ ਤਰਸੇਮ ਸਿੰਘ ਕਾਹਨੇਕੇ ਨੇ ਕਿਹਾ ਕਿ ਉਹ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਪੰਜਾਬ ਦੇ ਇੰਚਾਰਜ ਮੁਨੀਸ਼ ਸਿਸੋਦੀਆ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪਾਰਟੀ ਦੇ ਪੰਜਾਬ ਪ੍ਰਧਾਨ ਸ੍ਰੀ ਅਮਨ ਅਰੋੜਾ ਅਤੇ ਪੰਜਾਬ ਦੀ ਸਮੁੱਚੀ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਜਿਨ੍ਹਾਂ ਦੁਆਰਾ ਫਿਰ ਮੇਰੇ ਤੇ ਭਰੋਸਾ ਕਰਕੇ ਇਹ ਜ਼ਿਮੇਵਾਰੀ ਸੋਂਪੀ ਹੈ ਤਰਸੇਮ ਸਿੰਘ ਕਾਹਨੇਕੇ ਨੂੰ ਮੁੜ ਜ਼ਿਲ੍ਹਾ ਸੈਕਟਰੀ ਨਿਯੁਕਤ ਕੀਤੇ ਜਾਣ ਤੇ ਹਲਕਾ ਭਦੌੜ ਦੇ ਵਿਧਾਇਕ ਲਾਭ ਸਿੰਘ ਉੱਗੋਕੇ, ਨਗਰ ਕੌਂਸਲ ਤਪਾ ਦੇ ਪ੍ਰਧਾਨ ਡਾਕਟਰ ਸੋਨੀਕਾ ਬਾਸਲ, ਸਮਾਜਸੇਵੀ ਡਾਕਟਰ ਬਾਲ ਚੰਦ ਬਾਸਲ,ਟਰੱਕ ਯੂਨੀਅਨ ਤਪਾ ਦੇ ਪ੍ਰਧਾਨ ਜਸਵਿੰਦਰ ਸਿੰਘ ਚੱਠਾ ਤੇ ਗੁਰਤੇਜ ਸਿੰਘ ਦਰਾਜ਼, ਕੁਲਵਿੰਦਰ ਸਿੰਘ ਚੱਠਾ,ਮੁਨੀਸ਼ ਕੁਮਾਰ,ਰਿੱਕਾ ਮੋਬਾਈਲਾ ਵਾਲਾ, ਬਲਾਕ ਪ੍ਰਧਾਨ ਬਲਜੀਤ ਸਿੰਘ ਬਾਸੀ,ਵਲੋਂ ਮੁਬਾਰਕਬਾਦ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਚੇਅਰਮੈਨ ਤਰਸੇਮ ਸਿੰਘ ਕਾਹਨੇਕੇ ਨੂੰ ਪਾਰਟੀ ਵੱਲੋਂ ਦਿੱਤੀਆਂ ਗਈਆਂ ਸੇਵਾਵਾਂ ਨੂੰ ਜਿੰਮੇਵਾਰੀ ਨਾਲ ਨਿਭਾਉਣਗੇ।




(M) 97819-55016

ਬਲਬੀਰ ਸਿੰਘ

ਟਾਈਫਾਇਡ, ਸਰਵਾਈਕਲ, ਲੀਵਰ ਫੈਟੀ, ਲੱਤਾਂ ਬਾਹਵਾਂ ਦੀਆਂ ਦਰਦਾਂ ਆਦਿ ਹਰ ਬਿਮਾਰੀ ਦਾ ਇਲਾਜ ਗਰੰਟੀ ਨਾਲ ਕੀਤਾ ਜਾਂਦਾ ਹੈ ।

ਗੋਇੰਦਵਾਲ ਰੋਡ, ਨੇੜੇ ਬੱਚੜੇ ਵਾਲੀ ਖੂਹੀ, ਤਰਨ ਤਾਰਨ


# ਵਿਧਾਇਕ ਪੰਡੋਰੀ, ਵਿਧਾਇਕ ਉੱਗੋਕੇ ਅਤੇ ਚੇਅਰਮੈਨ ਮੰਨਾ ਨੇ ਨਸ਼ਾ ਮੁਕਤੀ ਇਕੱਠਾਂ ਨੂੰ ਕੀਤਾ ਸੰਬੋਧਨ




ਬਰਨਾਲਾ, 31 ਮਈ (ਧੀਮਾਨ) ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਤਹਿਤ ਜ਼ਿਲ੍ਹੇ ਦੇ ਪਿੰਡਾਂ ਅਤੇ ਸ਼ਹਿਰਾਂ ਦੇ ਵਾਰਡਾਂ ਵਿਚ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ।ਇਸ ਤਹਿਤ ਹਲਕਾ ਮਹਿਲ ਕਲਾਂ ਵਿੱਚ ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ ਅਤੇ ਵਿਧਾਇਕ ਸ. ਕੁਲਵੰਤ ਸਿੰਘ ਪੰਡੋਰੀ, ਹਲਕਾ ਭਦੌੜ ਵਿਚ ਸ. ਲਾਭ ਸਿੰਘ ਉੱਗੋਕੇ ਅਤੇ ਬਰਨਾਲਾ ਵਿੱਚ ਚੇਅਰਮੈਨ ਨਗਰ ਸੁਧਾਰ ਟਰੱਸਟ ਅਤੇ ਜ਼ਿਲ੍ਹਾ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ ਸ੍ਰੀ ਰਾਮ ਤੀਰਥ ਮੰਨਾ ਨੇ ਸੰਬੋਧਨ ਕੀਤਾ ਅਤੇ ਨਸ਼ਿਆਂ ਵਿਰੁੱਧ ਸਹੁੰ ਚੁਕਾਈ।ਨਸ਼ਾ ਮੁਕਤੀ ਯਾਤਰਾ ਦੇ ਸਮਾਗਮ ਦੌਰਾਨ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਪਿੰਡ ਬੀਹਲਾ ਵਿਖੇ ਸੰਬੋਧਨ ਕਰਦੇ ਹੋਏ ਕਿਹਾ ਕਿ ਇਸ ਮੁਹਿੰਮ ਵਿਚ ਆਮ ਲੋਕਾਂ ਦੇ ਨਾਲ-ਨਾਲ ਨੌਜਵਾਨ ਵਰਗ ਦੇ ਸਹਿਯੋਗ ਦੀ ਪੂਰਨ ਲੋੜ ਹੈ ਤਾਂ ਹੀ ਅਸੀ ਨਸ਼ਿਆਂ ਦੀ ਇਸ ਭੈੜੀ ਅਲਾਮਤ ਤੋਂ ਛੁਟਕਾਰਾ ਪਾ ਸਕਦੇ ਹਾਂ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ, ਖਾਸਕਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਵਿੱਚ ਆਪਣੀ ਰੁਚੀ ਵਧਾਉਣ ਅਤੇ ਹੋਰਨਾਂ ਨੂੰ ਵੀ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾ ਕੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ।ਇਸ ਦੌਰਾਨ ਵਿਧਾਇਕ ਲਾਭ ਸਿੰਘ ਉੱਗੋਕੇ ਵਲੋਂ ਪਿੰਡ ਰਾਜੀਆ, ਪੰਧੇਰ, ਧੂਰਕੋਟ, ਅਸਪਾਲ ਖੁਰਦ, ਕੋਟਦੁੰਨਾ ਵਿਖੇ ਨਸ਼ਾ ਰੋਕੂ ਰੱਖਿਆ ਕਮੇਟੀਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ। ਉਨ੍ਹਾਂ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਨੂੰ ਸਾਰਿਆਂ ਨੂੰ ਇੱਕਜੁੱਟ ਹੋ ਕੇ ਨਸ਼ੇ ਖ਼ਿਲਾਫ਼ ਲੜਨ ਦੀ ਲੋੜ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਅੱਜ ਲੋੜ ਹੈ ਕਿ ਪੰਜਾਬ ਦੇ ਪਾਣੀ ਅਤੇ ਜਵਾਨੀ ਬਚਾਏ ਜਾਣ, ਇਸ ਲਈ ਪੰਜਾਬ ਸਰਕਾਰ ਡਟੀ ਹੋਈ ਹੈ ਅਤੇ ਲੋਕ ਵੀ ਪੂਰਾ ਸਹਿਯੋਗ ਦੇਣ। ਉਨ੍ਹਾਂ ਪਿੰਡਾਂ ਦੇ ਪਹਿਰੇਦਾਰਾਂ ਨੂੰ ਮੁਹਿੰਮ ਵਿੱਚ ਸਰਗਰਮ ਹੋਣ ਦਾ ਸੱਦਾ ਦਿੱਤਾ।ਇਸ ਮੌਕੇ ਮੁਹਿੰਮ ਦੇ ਜ਼ਿਲ੍ਹਾ ਕੋਆਰਡੀਨੇਟਰ ਅਤੇ ਚੇਅਰਮੈਨ ਸ੍ਰੀ ਰਾਮ ਤੀਰਥ ਮੰਨਾ ਨੇ ਬਰਨਾਲਾ ਸ਼ਹਿਰ ਦੇ ਵੱਖ ਵੱਖ ਵਾਰਡਾਂ ਵਿਚ ਸੰਬੋਧਨ ਕਰਦੇ ਹੋਏ ਕਿਹਾ ਕਿ ਆਓ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਸੂਬੇ ਨੂੰ ਮੁੜ ਤੋਂ ਹੱਸਦਾ-ਵਸਦਾ ਅਤੇ ਰੰਗਲਾ ਪੰਜਾਬ ਬਣਾਈਏ।



ਭਾਰਤ ਸਰਕਾਰ ਵੱਲੋਂ ਨਾਮਜ਼ਦ ਕੀਤੀਆਂ ਆਸ਼ਾ ਵਰਕਰ ਕੇਡਰ ਤੋਂ ਸ਼੍ਰੀ ਮਤੀ ਕਮਲੇਸ਼ ਕੌਰ ਆਪਣੀਆਂ ਸੇਵਾਵਾਂ ਪੂਰੀਆਂ ਕਰਕੇ ਸੇਵਾ ਮੁਕਤ ਹੋਏ। ਹੈਲਥ ਵੈਲਨੈਸ ਸੈਂਟਰ ਸੁਦਾਣਾ ਦੇ ਸਟਾਫ਼ ਨੇ ਉਨ੍ਹਾਂ ਨੂੰ ਵਿਦਾਇਗੀ ਪਾਰਟੀ ਦਿੱਤੀ। ਸਟਾਫ ਨੇ ਉਨ੍ਹਾਂ ਵੱਲੋਂ ਦਿੱਤੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਤੇ ਸ਼੍ਰੀ ਮਤੀ ਕਮਲੇਸ਼ ਕੌਰ ਦੇ ਪਰਿਵਾਰਿਕ ਮੈਂਬਰ, ਮੈਡਮ ਨਿਸ਼ਾ ਸੀ ਐਚ ਓ,ਮੈਡਮ ਬਲਜੀਤ ਕੌਰ ਏ ਐਨ ਐਮ, ਸੁਖਵਿੰਦਰ ਸਿੰਘ ਹੈਲਥ ਕਰਮਚਾਰੀ ਤੇ ਸੈਂਟਰ ਦੀਆਂ ਆਸਾ ਵਰਕਰ ਮੌਜੂਦ ਹੋਈਆਂ।

(ਫੋਟੋ ਤੇ ਵੇਰਵਾ: ਪੀ ਸੀ ਰਾਉਤ ,ਭੋਗਪੁਰ)


Hotel
EURO
PALACE
&
Restorent
Mandi road
Rewalsar
Wi fi & Rooms
Available
Mob:9817679963


# ਆੜ੍ਹਤੀ ਐਸੋਸੀਏਸ਼ਨ ਫ਼ਤਿਆਬਾਦ ਦੇ ਪ੍ਰਧਾਨ ਜਸਕਰਨ ਸਿੰਘ ਨੂੰ ਅਣਪਛਾਤੇ ਵਿਅਕਤੀਆਂ ਨੇ ਕੀਤਾ ਗੰਭੀਰ ਜ਼ਖ਼ਮੀ




ਤਰਨ ਤਾਰਨ, 31 ਮਈ (ਐਸ ਐਸ ਸੰਧਾ) ਥਾਣਾ ਗੋਇੰਦਵਾਲ ਸਾਹਿਬ ਦੇ ਅਧੀਨ ਆਉਂਦੇ ਕਸਬਾ ਫਤਿਆਬਾਦ ਵਿਖੇ ਉਸ ਵਕਤ ਦਹਿਸ਼ਤ ਦਾ ਮਾਹੌਲ ਬਣ ਗਿਆ ਜਦੋਂ ਆੜਤੀ ਐਸੋਸ਼ੀਏਸਨ ਦੇ ਪ੍ਰਧਾਨ ਤੇ ਉਸ ਦੇ ਭਾਈਵਾਲ ਨੂੰ ਤੇਜ਼ਧਾਰ ਹਥਿਆਰਾਂ ਨਾਲ ਗੰਭੀਰ ਜਖਮੀ ਕਰ ਦਿੱਤਾ ਗਿਆ ।ਜਾਣਕਾਰੀ ਅਨੁਸਾਰ ਗੰਭੀਰ ਜਖਮੀਆਂ ਨੂੰ ਇਲਾਜ ਲਈ ਖਡੂਰ ਸਾਹਿਬ ਦੇ ਸਰਕਾਰੀ ਹਸਪਤਾਲ ਲਿਜਾਇਆ ਗਿਆ ਜਿੱਥੇ ਉਨ੍ਹਾਂ ਦੀ ਗੰਭੀਰ ਹਾਲਾਤ ਵੇਖਦਿਆਂ ਹੋਰ ਸਰਕਾਰੀ ਹਸਪਤਾਲ ਵਿਖੇ ਰੈਫਰ ਕਰ ਦਿੱਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਗੁਰੂ ਨਾਨਕ ਟ੍ਰੇਡਿੰਗ ਕੰਪਨੀ ਦੇ ਭਾਈਵਾਲ ਆੜ੍ਹਤੀ ਪੰਕਜ ਚੋਪੜਾ ਪੁਤਰ ਰਕੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦਾ ਭਰਾ ਆਸ਼ੂ ਚੋਪੜਾ ਤੇ ਉਨ੍ਹਾਂ ਦੇ ਭਾਈਵਾਲ ਜਸਕਰਨ ਸਿੰਘ ਆਪਣੀ ਦੁਕਾਨ ਤੇ ਬੈਠੇ ਸਨ ਕਿ ਅਚਾਨਕ ਆਏ ਅਣਪਛਾਤੇ ਵਿਅਕਤੀਆਂ ਵੱਲੋਂ ਉਨ੍ਹਾਂ ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਗੰਭੀਰ ਜਖਮੀ ਕਰ ਦਿੱਤਾ । ਜਿਨਾਂ ਨੂੰ ਇਲਾਜ ਲਈ ਖਡੂਰਸਾਹਿਬ ਹਸਪਤਾਲ ਲਿਜਾਇਆ ਗਿਆ ਜਿੱਥੇ ਡਾਕਟਰਾਂ ਵੱਲੋਂ ਉਨ੍ਹਾਂ ਨੂੰ ਇਲਾਜ ਲਈ ਰੈਫਰ ਕਰ ਦਿੱਤਾ ਗਿਆ। ਪੰਕਜ ਚੋਪੜਾ ਨੇ ਦੱਸਿਆ ਕਿ ਇਸ ਸਬੰਧੀ ਪੁਲਸ ਚੌਕੀ ਫਤਿਆਬਾਦ ਤੋਂ ਇਲਾਵਾ ਹੋਰ ਅਧਿਕਾਰੀਆਂ ਨੂੰ ਜਾਣਕਾਰੀ ਦਿੱਤੀ ਗਈ ਹੈ। ਇਸ ਸਬੰਧੀ ਪੁਲਸ ਚੌਕੀ ਫਤਿਆਬਾਦ ਦੇ ਇੰਚਾਰਜ ਗੁਰਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਵਲੋਂ ਮੌਕੇ ਤੇ ਜਾ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਪਰਿਵਾਰ ਦੇ ਬਿਆਨਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।




# ਸ਼ਹੀਦਾਂ ਦੇ ਸਰਤਾਜ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਦੀ ਸ਼ਹਾਦਤ ਨੂੰ ਸਮਰਪਿਤ ਹਾਫ ਮੈਰਾਥਨ ਦੌੜ ਕਰਵਾਈ



ਫਤਿਹ ਟਾਈਮਜ਼

ਚੋਹਲਾ ਸਾਹਿਬ, 31 ਮਈ (ਸਨਦੀਪ ਸਿੱਧੂ,ਪਰਮਿੰਦਰ ਚੋਹਲਾ) ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੇ ਮੁਖੀ ਅਤੇ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਦੀ ਪ੍ਰਬੰਧਕੀ ਕਮੇਟੀ ਦੇ ਸਰਪ੍ਰਸਤ ਸੰਤ ਬਾਬਾ ਸੁੱਖਾ ਸਿੰਘ ਦੀ ਸਰਪ੍ਰਸਤੀ ਹੇਠ ਜਿੱਥੇ ਵਿੱਦਿਆ ਦੇ ਪ੍ਰਚਾਰਖ਼ਪ੍ਰਸਾਰ ਲਈ ਕਈ ਸਕੂਲ ਅਤੇ ਕਾਲਜ ਚੱਲ ਰਹੇ ਹਨ, ਉਥੇ ਨਵੀਂ ਪੀੜ੍ਹੀ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਸੰਪਰਦਾਇ ਕਾਰ ਸੇਵਾ ਦੇ ਹੈਡ ਕੁਆਰਟਰ ਤਪੋਬਨ ਸਾਹਿਬ ਸਾਹਿਬ( ਨਵਾਂ ਪੜਾਅ) ਦੇ ਨਜ਼ਦੀਕ ਚਲਾਈ ਜਾ ਰਹੀ ਸੰਤ ਬਾਬਾ ਤਾਰਾ ਸਿੰਘ ਜੀ ਸਪੋਰਟਸ ਅਕੈਡਮੀ ਵਿੱਚ ਅੱਜ ਸਵੇਰੇ 6:00 ਵਜੇ ਸ਼ਹੀਦਾਂ ਦੇ ਸਰਤਾਜ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਦੀ ਸ਼ਹਾਦਤ ਨੂੰ ਸਮਰਪਿਤ ਅਕੈਡਮੀ ਦੇ ਖਿਡਾਰੀਆਂ ਵੱਲੋਂ ਹਾਫ ਮੈਰਾਥਨ ਦੌੜ ਕੀਤੀ ਗਈ। ਜਿਸ ਦੀ ਸ਼ੁਰੂਆਤ ਬਾਬਾ ਬਲਦੇਵ ਸਿੰਘ ਵੱਲੋਂ ਝੰਡੀ ਦੇ ਕੇ ਕੀਤੀ ਗਈ। ਇਸ ਦੌੜ ਵਿੱਚ ਅਕੈਡਮੀ ਦੀ ਖਿਡਾਰੀਆਂ ਤੋਂ ਇਲਾਵਾ ਕੋਚ ਗੁਰਲਾਲ ਸਿੰਘ, ਇਨਚਾਰਜ ਬਲਜਿੰਦਰ ਸਿੰਘ ਫਿਲੋ, ਰਾਣਾ ਹਾਂਗਕਾਂਗ, ਗੁਰਪ੍ਰੀਤ ਸਿੰਘ ਗੋਪੀ, ਸ਼ਮਸ਼ੇਰ ਸਿੰਘ, ਸ਼੍ਰਵਜੀਤ ਸਿੰਘ, ਕੁਲਦੀਪ ਸਿੰਘ ਪੰਚਮ ਫਿਲਿੰਗ ਸਟੇਸ਼ਨ, ਮੈਡਮ ਨਰਿੰਦਰ ਕੌਰ ਅਤੇ ਕਾਲਜ ਦੀ ਪ੍ਰਿੰਸੀਪਲ ਡਾਕਟਰ ਜਸਬੀਰ ਸਿੰਘ ਸ਼ਾਮਿਲ ਸਨ। ਸੰਤ ਬਾਬਾ ਤਾਰਾ ਸਿੰਘ ਜੀ ਸਪੋਰਟਸ ਅਕੈਡਮੀ ਗਰਾਊਂਡ ਤੋ ਸ਼ੁਰੂ ਹੋਈ ਇਹ ਹਾਫ ਮੈਰਾਥਨ ਦੌੜ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ੋਅ ਪ੍ਰਾਪਤ ਗੁਰਦੁਆਰਾ ਚੁਬੱਚਾ ਸਾਹਿਬ ਵਿਖੇ ਜਾ ਕੇ ਸਮਾਪਤ ਹੋਈ। ਗੁਰਦੁਆਰਾ ਸਾਹਿਬ ਪਹੁੰਚਣ ੋਤੇ ਗੁਰਦੁਆਰਾ ਕਮੇਟੀ ਦੇ ਮੈਂਬਰ ਨਵਨੀਤ ਸਿੰਘ, ਜਸਵੀਰ ਸਿੰਘ ਅਤੇ ਉਥੇ ਹਾਜ਼ਰ ਪਿੰਡ ਤੇ ਪਤਵੰਤੇ ਡਾਕਟਰ ਕੁਲਦੀਪ ਸਿੰਘ, ਕੁਲਵਿੰਦਰ ਸਿੰਘ ਅਤੇ ਬਾਬਾ ਤਰਸੇਮ ਸਿੰਘ ਵੱਲੋਂ ਮੈਰਾਥਨ ਦੌੜ ਵਿੱਚ ਸ਼ਾਮਿਲ ਖਿਡਾਰੀਆਂ ਅਤੇ ਅਹੁਦੇਦਾਰਾਂ ਨੂੰ ਸਿਰੋਪਾ ਸਾਹਿਬ ਦੇ ਕੇ ਸਨਮਾਨਿਤ ਕਰਨ ਦੇ ਨਾਲ ਨਾਲ ਉਹਨਾਂ ਦੇ ਖਾਣ ਪੀਣ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਦੀ ਪ੍ਰਬੰਧਕੀ ਕਮੇਟੀ ਦੇ ਆਨਰੇਰੀ ਸਕੱਤਰ ਸ੍ਰ ਹਰਜਿੰਦਰ ਸਿੰਘ ਬਿੱਲਿਆਂਵਾਲਾ, ਕਮੇਟੀ ਮੈਂਬਰ ਸ੍ਰ ਜਸਵਿੰਦਰ ਸਿੰਘ ਮੋਹਣਪੁਰਾ, ਸਮੂਹ ਕਮੇਟੀ ਮੈਂਬਰ ਸਾਹਿਬਾਨ ਅਤੇ ਕਾਰ ਸੇਵਾ ਲਈ ਸਾਹਿਬ ਦੇ ਜਥੇਦਾਰ ਬਾਬਾ ਹਿੰਮਤ ਸਿੰਘ ਵੱਲੋਂ ਗੁਰਦੁਆਰਾ ਚੁਬੱਚਾ ਸਾਹਿਬ ਦੇ ਮੈਂਬਰਾਂ ਅਤੇ ਪਿੰਡ ਦੇ ਪਤਵੰਤਿਆਂ ਵੱਲੋਂ ਦਿੱਤੇ ਸਹਿਯੋਗ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਉਹਨਾਂ ਅੱਗੇ ਦੱਸਿਆ ਕਿ ਅਕੈਡਮੀ ਵਿੱਚ ਰਹਿ ਰਹੇ 40 ਖਿਡਾਰੀਆਂ ਦੀ ਰਿਹਾਇਸ਼, ਖਾਣਾ, ਪੜ੍ਹਾਈ, ਟ੍ਰੇਨਿੰਗ, ਸਪੋਰਟਸ ਕਿੱਟਾਂ ਅਤੇ ਖੇਡਾਂ ਦਾ ਸਾਜੋਖ਼ਸਮਾਨ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਫ਼ਰੀ ਮੁਹੱਈਆ ਕਰਵਾਇਆ ਜਾ ਰਹੀ ਹੈ। ਜਿਸ ਵਿੱਚ ਇਲਾਕੇ ਦੇ ਲੋਕਾਂ ਵੱਲੋਂ ਵੀ ਵੱਡੇ ਪੱਧਰ ਤੇ ਸਹਿਯੋਗ ਦਿੱਤਾ ਜਾ ਰਿਹਾ।


ਹੱਕ ਸੱਚ ਦੀ ਆਵਾਜ਼
ਫਤਿਹ ਟਾਈਮਜ਼ CHANNEL
ਮਿਆਰੀ ਖ਼ਬਰਾਂ ਦੇਖਣ ਲਈ fatehtimes channel ਨੂੰ ਜ਼ਰੂਰ ਸਬਸਕਰਾਈਬ ਕਰੋ।
ਫਤਿਹ ਟਾਈਮਜ਼ ਚੈਂਨਲ ਤੇ ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ
ਮੋ; 99885-37575


ਸਫਾ 1 ਦੀ ਬਾਕੀ

## ਸ਼ਹੀਦ ਭਾਈ ਮਹਿੰਗਾ ਸਿੰਘ ਬੱਬਰ ਅਤੇ ਸਮੂਹ..

ਫਤਿਹ ਟਾਈਮਜ਼ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਉਨ੍ਹਾਂ ਪੰਥਕ ਜਥੇਬੰਦੀਆਂ ਅਤੇ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ 1 ਜੂਨ ਐਤਵਾਰ ਨੂੰ ਸਵੇਰੇ 7 ਵਜੇ ਭੋਗ ਪਾਏ ਜਾਣ ਸਮੇਂ ਗੁਰਦੁਆਰਾ ਸਾਹਿਬ ਵਿੱਖੇ ਹਾਜ਼ਰੀਆਂ ਭਰਨ। ਅੱਜ ਪਾਠ ਰੱਖੇ ਜਾਣ ਮੌਕੇ ਪ੍ਰੋ ਬਲਜਿੰਦਰ ਸਿੰਘ, ਭਾਈ ਮਹਿੰਗਾ ਸਿੰਘ ਦੇ ਭਰਾਤਾ ਦਵਿੰਦਰ ਸਿੰਘ, ਮਹਾਬੀਰ ਸਿੰਘ ਸੁਲਤਾਨਵਿੰਡ, ਬਲਦੇਵ ਸਿੰਘ ਨਵਾਂਪਿੰਡ, ਰਘਬੀਰ ਸਿੰਘ ਭੁੱਚਰ, ਪਸ਼ੌਰਾ ਸਿੰਘ ਗਿੱਲ, ਸਤਜੋਤ ਸਿੰਘ ਮੁੱਧਲ, ਨਰਿੰਦਰ ਸਿੰਘ ਗਿੱਲ, ਰਾਜ ਸਿੰਘ ਸੁਲਤਾਨਵਿੰਡ, ਜੁਗਿੰਦਰ ਸਿੰਘ, ਗੁਰਬਖਸ਼ ਸਿੰਘ ਬੱਗਾ ਆਦਿ ਹਾਜ਼ਰ ਸਨ।

ਸਫਾ 1 ਦੀ ਬਾਕੀ

## ਸ਼੍ਰੋਮਣੀ ਕਮੇਟੀ ਨੇ ਸ਼ਰਧਾ ਨਾਲ ਮਨਾਇਆ ਪੰਜਵੇਂ.........

ਫਤਿਹ ਟਾਈਮਜ਼ ਦਿਹਾੜੇ ਮੌਕੇ ਸੰਗਤਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਸਮੇਤ ਗੁਰਧਾਮਾਂ ਤੇ ਸ਼ਰਧਾ ਨਾਲ ਹਾਜ਼ਰੀ ਭਰੀ। ਇਸੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਵਿਸ਼ੇਸ ਤੌਰ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਗਈਆਂ ਸਨ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਭਾਈ ਮਨਜੀਤ ਸਿੰਘ, ਮੈਨੇਜਰ ਸ. ਜੇ ਪੀ ਸਿੰਘ, ਸ. ਜਸਬੀਰ ਸਿੰਘ, ਪ੍ਰਚਾਰਕ ਭਾਈ ਤਰਸੇਮ ਸਿੰਘ ਤੇ ਭਾਈ ਗੁਰਵਿੰਦਰ ਸਿੰਘ ਖੋਦੇਬੇਟ ਸਮੇਤ ਸੰਗਤਾਂ ਹਾਜਰ ਸਨ।

ਸਫਾ 1 ਦੀ ਬਾਕੀ

## ਪੰਜਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਨੇ ਕੌਮ ਨੂੰ ਹੱਕ, ਸੱਚ..

ਫਤਿਹ ਟਾਈਮਜ਼ ਸਿੱਖੀ ਦੀਆਂ ਨੀਹਾਂ ਨੂੰ ਅਟੱਲ ਕੀਤਾ। ਐਡਵੋਕੇਟ ਧਾਮੀ ਨੇ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਣਾ ਲੈਣ ਅਤੇ ਗੁਰਬਾਣੀ ਉਪਦੇਸ਼ਾਂ ’ਤੇ ਚੱਲਣ ਦੀ ਅਪੀਲ ਕੀਤੀ।

# ਪਠਾਨਕੋਟ ਜ਼ਿਲ੍ਹੇ ਦੇ ਰੇਲਵੇ ਸਟੇਸ਼ਨ ਤੇ ਕੀਤੀ ਗਈ ਹੋਈ ਮੌਕ ਡਰਿੱਲ





ਫਤਿਹ ਟਾਈਮਜ਼

ਪਠਾਨਕੋਟ, 31 ਮਈ (ਪਵਨ ਸ਼ਰਮਾਂ) ਆਪਰੇਸ਼ਨ ਸ਼ੀਲਡ ਦੇ ਤਹਿਤ ਪਠਾਨਕੋਟ ਵਿਖੇ ਸਥਿਤ ਰੇਲਵੇ ਸਟੇਸ਼ਨ ਤੇ ਮੌਕ ਡਰਿਲ ਆਯੋਜਿਤ ਕੀਤੀ ਗਈ ਜਿਸ ਦੌਰਾਨ ਕਿਸੇ ਵੀ ਤਰ੍ਹਾਂ ਦੀ ਯੁੱਧ ਦੀ ਸਥਿਤੀ ਵਿੱਚ ਨਜਿਠਣ ਦੇ ਲਈ ਕੀਤੇ ਜਾਣ ਵਾਲੇ ਕਾਰਜਾਂ ਦਾ ਅਭਿਆਸ ਕੀਤਾ ਗਿਆ ਫ਼ ਇਸ ਮੌਕੇ ਤੇ ਰੱਖੀਆਂ ਜਾਣ ਵਾਲੀਆਂ ਸਾਵਧਾਨੀਆਂ ਅਤੇ ਪ੍ਰਭਾਵਿਤ ਲੋਕਾਂ ਦੀ ਦੇਖਭਾਲ ਦੇ ਲਈ ਅਭਿਆਸ ਪ੍ਰਕਿਰਿਆਵਾਂ ਦੋਹਰਾਈਆਂ ਗਈਆਂ। ਇਸ ਮੌਕ ਡਰਿੱਲ ਦੌਰਾਨ ਸ੍ਰੀ ਅਰਸ਼ਦੀਪ ਸਿੰਘ ਐਸਡੀਐਮ ਪਠਾਣਕੋਟ ਦੀ ਪ੍ਰਧਾਨਗੀ ਵਿੱਚ ਨਿਰਧਾਰਿਤ ਕੀਤੀਆਂ ਸਾਰੀਆਂ ਟੀਮਾਂ ਇਕੱਠੀਆਂ ਹੋਈਆਂ ਇਸ ਮੌਕ ਡਰਿਲ ਵਿੱਚ ਪੁਲਿਸ ਪ੍ਰਸ਼ਾਸਨਿਕ ਅਧਿਕਾਰੀ ਵੀ ਹਾਜ਼ਰ ਰਹੇ। ਠੀਕ 6 ਵਜੇ ਹਮਲੇ ਦੇ ਖਤਰੇ ਦਾ ਸਾਇਰਨ ਵੱਜਿਆ ਅਤੇ ਉਸ ਤੋਂ ਬਾਅਦ ਇਹ ਅਭਿਆਸ ਕੀਤਾ ਗਿਆ। ਜਿਸ ਵਿੱਚ ਪਹਿਲੇ ਅਭਿਆਸ ਵਿੱਚ ਦਿਖਾਇਆ ਗਿਆ ਕਿ ਹਮਲੇ ਤੋਂ ਬਾਅਦ ਕਿਸ ਪ੍ਰਕਾਰ ਦੀ ਸਥਿਤੀ ਪੈਦਾ ਹੁੰਦੀ ਹੈ ਅਤੇ ਹਮਲੇ ਦੌਰਾਨ ਕੁਝ ਲੋਕ ਸੁਰੱਖਿਤ ਥਾਵਾਂ ਤੇ ਚਲੇ ਗਏ ਉਹ ਬਚ ਗਏ ਅਤੇ ਜਿਨਾਂ ਨੇ ਸੁਰੱਖਿਆ ਉਪਾਅ ਦੀ ਪਾਲਣਾ ਨਹੀਂ ਕੀਤੀ ਉਹ ਪ੍ਰਭਾਵਿਤ ਹੋਏ । ਉਸ ਤੋਂ ਬਾਅਦ ਇਸ ਤਰ੍ਹਾਂ ਪ੍ਰਭਾਵਿਤ ਹੋਏ ਲੋਕਾਂ ਨੂੰ ਐਂਬੂਲੈਂਸ ਰਾਹੀਂ ਹਸਪਤਾਲ ਭੇਜਣ ਦਾ ਅਭਿਆਸ ਕੀਤਾ ਗਿਆ ਅਤੇ ਨਾਲ ਦੀ ਨਾਲ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਵੀ ਫਾਇਰ ਬ੍ਰਿਗੇਡ ਦੀ ਮਦਦ ਨਾਲ ਮੌਕੇ ਤੇ ਰੋਕਣ ਦਾ ਅਭਿਆਸ ਕੀਤਾ ਗਿਆ। ਇਸ ਤੋਂ ਬਿਨਾਂ ਇਸ ਮੌਕੇ ਅਭਿਆਸ ਰਾਹੀਂ ਲੋਕਾਂ ਨੂੰ ਸਮਝਾਇਆ ਗਿਆ ਕਿ ਹਵਾਈ ਹਮਲੇ ਸਮੇਂ ਉਹਨਾਂ ਨੇ ਕਿਹੜੀਆਂ ਸਾਵਧਾਨੀਆਂ ਵਰਤਣੀਆਂ ਹਨ। ਐਸਡੀਐਮ ਅਰਸ਼ਦੀਪ ਸਿੰਘ ਨੇ ਕਿਹਾ ਕਿ ਇਹ ਇੱਕ ਅਭਿਆਸ ਸੀ ਅਤੇ ਇਸ ਦਾ ਉਦੇਸ਼ ਕਿਸੇ ਵੀ ਖਤਰੇ ਲਈ ਆਪਣੇ ਆਪ ਨੂੰ ਤਿਆਰ ਕਰਨਾ ਹੈ। ਉਹਨਾਂ ਨੇ ਕਿਹਾ ਕਿ ਇਸ ਕਾਰਜ ਵਿੱਚ ਲੋਕਾਂ ਦੀ ਭਾਗੀਦਾਰੀ ਬਹੁਤ ਮਹੱਤਵਪੂਰਨ ਹੁੰਦੀ ਹੈ ਅਤੇ ਹਰੇਕ ਨਾਗਰਿਕ ਨੂੰ ਇਹਨਾਂ ਮੁਢਲੇ ਸਿਧਾਂਤਾਂ ਦੀ ਜਾਣਕਾਰੀ ਹੋਣੀ ਚਾਹੀਦੀ ਹੈ। ਉਹਨਾਂ ਨੇ ਕਿਹਾ ਕਿ ਜੇਕਰ ਹਵਾਈ ਹਮਲੇ ਦਾ ਖਤਰੇ ਦਾ ਸਾਇਰਨ ਵੱਜੇ ਤਾਂ ਸਭ ਤੋਂ ਪਹਿਲਾਂ ਆਪਣੇ ਆਪ ਨੂੰ ਕਿਸੇ ਇਮਾਰਤ ਵਿੱਚ ਸੁਰੱਖਿਤ ਕਰੋ। ਜੇਕਰ ਨੇੜੇ ਇਮਾਰਤ ਨਾ ਹੋਵੇ ਤਾਂ ਦਰਖਤ ਹੇਠ ਸ਼ਰਨ ਲਵੋ। ਇਮਾਰਤ ਦੇ ਅੰਦਰ ਵੀ ਖਿੜਕੀਆਂ ਦੇ ਨੇੜੇ ਖੜੇ ਨਾ ਹੋਵੋ ਅਤੇ ਕਿਸੇ ਕੋਨੇ ਵਿੱਚ ਸ਼ਰਨ ਲਵੋ। ਜੇਕਰ ਰਾਤ ਦਾ ਸਮਾਂ ਹੋਵੇ ਤਾਂ ਹਰ ਪ੍ਰਕਾਰ ਦੀਆਂ ਲਾਈਟਾਂ ਬੰਦ ਕਰ ਦਿਓ।

## ਗੁਰੂ ਅਮਰਦਾਸ ਆਦਰਸ਼ ਇੰਸਟੀਟਿਊਟ, ਗੋਇੰਦਵਾਲ ਸਾਹਿਬ ਵਿਖੇਸੀ.ਬੀ.ਐੱਸ.ਈ. ਬੋਰਡ ਦੇ ਨਤੀਜਿਆਂ ਵਿੱਚ ਮੋਹਰੀ ਰਹੇ ਵਿਦਿਆਰਥੀਆਂ ਨੂੰ ਕੀਤਾ ਗਿਆ ਸਨਮਾਨਿਤ



ਫਤਿਹ ਟਾਈਮਜ਼ ਸ਼੍ਰੀ ਗੋਇੰਦਵਾਲ ਸਾਹਿਬ, 31 ਮਈ (ਐਸ ਐਸ ਸੰਧਾ/ਦਿਲਬਾਗ ਸਿੰਘ) ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਗੋਇੰਦਵਾਲ ਸਾਹਿਬ ਵਿਖੇ ਦੱਸਵੀਂ ਅਤੇ ਬਾਰਵੀਂ ਜਮਾਤ ਦੇ ਸ਼ਾਨਦਾਰ ਨਤੀਜਿਆਂ ਨੂੰ ਮੁੱਖ ਰੱਖਦੇ ਹੋਏ ਸਨਮਾਨ ਸਮਾਰੋਹ ਕਰਵਾਇਆ ਗਿਆ ਜਿਸ ਵਿੱਚ ਸਰਵ ਸ੍ਰੇਸ਼ਟ ਨਤੀਜੇ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਸਕੂਲ ਵਿੱਚ ਇੱਕ ਖਾਸ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਸਨਮਾਨਿਤ ਕਰਨ ਲਈ ਸਕੂਲ ਦੀ ਮੈਨੇਜਮੈਂਟ ਕਮੇਟੀ ਵੱਲੋਂ ਖਾਸ ਪ੍ਰਬੰਧ ਕੀਤਾ ਗਿਆ।
ਇਸ ਮੌਕੇ ਤੇ ਬੋਲਦਿਆਂ ਸੰਸਥਾ ਦੇ ਪ੍ਰੈਜੀਡੈਂਟ ਸ੍ਰੀਮਤੀ ਬਲਜੀਤ ਕੌਰ ਰੰਧਾਵਾ ਜੀ ਅਤੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਜੀ ਨੇ ਦੱਸਿਆ ਕਿ ਸਕੂਲ ਦੀ ਦੱਸਵੀਂ ਅਤੇ ਬਾਰਵੀਂ ਜਮਾਤ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਬੇਮਿਸਾਲ ਰਿਹਾ। ਸਕੂਲ ਦੀ ਦਸਵੀਂ ਅਤੇ ਬਾਰਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ। ਦਸਵੀਂ ਜਮਾਤ ਵਿੱਚੋਂ 25 ਵਿਦਿਆਰਥੀ ਨੇ 90% ਤੋਂ ਉੱਪਰ ਅੰਕ ਅਤੇ ਬਾਰਵੀਂ ਜਮਾਤ ਵਿੱਚੋਂ 15 ਵਿਦਿਆਰਥੀਆਂ ਨੇ 90% ਤੋਂ ਉੱਪਰ ਅੰਕ ਪ੍ਰਾਪਤ ਕੀਤੇ ਬਾਰਵੀਂ ਜਮਾਤ ਦੀ ਵਿਦਿਆਰਥਣ ਨੂੰ ਭਵਨੀਤ ਕੌਰ ਤਰਨ ਤਾਰਨ ਜ਼ਿਲ੍ਹੇ ਵਿੱਚੋਂ ਅਵਲ ਰਹੀ ਅਤੇ ਦਸਵੀਂ ਜਮਾਤ ਦੀ ਵਿਦਿਆਰਥਣ ਹਰਲੀਨ ਕੌਰ ਨੇ ਪੂਰੇ ਤਰਨ ਤਾਰਨ ਜ਼ਿਲ੍ਹ ਵਿੱਚੋਂ ਦੂਸਰਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ 21 ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਵਿੱਚੋਂ 100 ਅੰਕ ਪ੍ਰਾਪਤ ਕਰਕੇ ਸਕੂਲ ਦੀ ਸ਼ਾਨ ਨੂੰ ਹੋਰ ਵਧਾਇਆ। ਇਸ ਵਿਸ਼ੇਸ਼ ਸਮਾਰੋਹ ਦੇ ਅਖੀਰ ਵਿੱਚ ਮੈਨੇਜਮੈਂਟ ਦੀ ਕਮੇਟੀ ਦੇ ਮੈਂਬਰ ਸਾਹਿਬਾਨਾਂ ਨੇ ਵਿਦਿਆਰਥੀ ਅਤੇ ਉਹਨਾਂ ਦੇ ਮਾਪਿਆਂ ਨੂੰ ਸਨਮਾਨਿਤ ਕੀਤਾ ਅਤੇ ਆਸ ਦਵਾਈ ਕਿ ਸਕੂਲ ਬੋਰਡ ਦੇ ਨਤੀਜਿਆਂ ਵਿੱਚ ਹਰ ਸਾਲ ਹੋਰ ਬੁਲੰਦੀਆਂ ਹਾਸਲ ਕਰਦਾ ਰਹੇਗਾ।

Editor,Owner and Publisher Sarbjot Singh Khalsa on behalf of Fateh Times online news and media company Regd:PB22000167,Published from Fateh Times H/O Mankdeka Road , Fatehabad,(Tarntaran) 143407

ਅਦਾਲਤੀ ਸ਼ਿਕਾਇਤਾਂ ਅਤੇ ਝਗੜਿਆਂ ਦਾ ਨਿਪਟਾਰਾ ਕੇਵਲ ਲੋਕਲ ਸਬ ਡਵੀਜਨ ਖਡੂਰ ਸਾਹਿਬ ਵਿਖੇ ਹੀ ਹੋਵੇਗਾ।

# "ਇੱਕ ਸ਼ਾਮ ਸੁਰਾਂ ਦੇ ਨਾਮ" ਪ੍ਰੋਗਰਾਮ ਕਰਵਾਇਆ ਗਿਆ

ਫ਼ਤਿਹ ਟਾਈਮਜ਼



ਭੋਗਪੁਰ, 31 ਮਈ (ਪੀ ਸੀ ਰਾਓਤ) ਕੁਦਰਤ ਦੇ ਹਰ ਰੰਗ ਵਿੱਚ ਸੰਗੀਤ ਗੂੰਜ ਦਾ ਹੈ ਅਤੇ ਸਾਡੇ ਗੁਰੂ ਸਾਹਿਬਾਨਾਂ ਨੇ ਵੀ ਗੁਰਬਾਣੀ ਨੂੰ ਰਾਗਾਂ ਵਿੱਚ ਲਿਖਿਆ ਹੋਇਆ ਹੈ। ਗੁਰਬਾਣੀ ਜਦੋਂ ਵੀ ਰਾਗਾਂ ਵਿੱਚ ਗਾਈ ਜਾਂਦੀ ਹੈ ਤਾਂ ਉਹ ਮਾਹੌਲ ਨੂੰ ਸ਼ਾਂਤਮਈ ਅਤੇ ਆਨੰਦ ਮਈ ਬਣਾ ਦਿੰਦੀ ਹੈ। ਇਹੋ ਜਿਹੇ ਮਾਹੌਲ ਨੂੰ ਬਣਾਉਂਦਾ ਹੋਇਆ ਪ੍ਰੋਗਰਾਮ "ਇੱਕ ਸ਼ਾਮ ਸੁਰਾਂ ਦੇ ਨਾਮ" ਉਸਤਾਦ ਪ੍ਰੋਫੈਸਰ ਭੁਪਿੰਦਰ ਸਿੰਘ ਜੀ ਦੀ ਅਗਵਾਈ ਵਿੱਚ (ਸੁਰ ਸਰਗਮ ਸੰਗੀਤ ਕਲਾ ਕੇਂਦਰ) ਅੰਨਦ ਨਗਰ, ਜਲੰਧਰ ਵਿਖੇ ਕਰਵਾਇਆ ਗਿਆ। ਜਿਸ ਵਿੱਚ ਉਸਤਾਦ ਪ੍ਰੋਫੈਸਰ ਭੁਪਿੰਦਰ ਸਿੰਘ ਪਾਸੋਂ ਸੰਗੀਤ ਦੀ ਸਿੱਖਿਆ ਲੈ ਰਹੇ ਬੱਚਿਆਂ ਅਤੇ ਡੇਰਾ ਸੱਚਖੰਡ ਬੱਲਾਂ ਸ੍ਰੀ ਗੁਰੂ ਰਵਿਦਾਸ ਸੰਗੀਤ ਅਕੈਡਮੀ ਦੇ ਵਿਦਿਆਰਥੀਆਂ ਵੱਲੋਂ ਗੁਰਬਾਣੀ ਦੇ ਕੀਰਤਨ, ਗਜ਼ਲਾਂ,ਪੰਜਾਬੀ ਗੀਤ, ਕਵਾਲੀਆਂ ਦੀ ਪੇਸ਼ਕਾਰੀ ਕੀਤੀ ਗਈ। ਇਸ ਪ੍ਰੋਗਰਾਮ ਵਿੱਚ ਬਹੁਤ ਹੀ ਉੱਗੀਆਂ ਸ਼ਖਸ਼ੀਅਤਾਂ ਅਤੇ ਕਲਾਕਾਰਾਂ ਨੇ ਹਾਜ਼ਰੀ ਲਗਵਾਈ ਜਿੰਨਾਂ ਵਿੱਚ ਹੈਡ ਮਾਸਟਰ ਭੱਟੀ ਜੀ, ਜਗਜੀਤ ਚੀਮਾ ਜੀ,ਰਮੇਸ਼ ਨੁਸੀਵਾਲ ਜੀ,(ਕੇ.ਕੇ ਰਿਕਾਰਡਿੰਗ) ਦੇ ਮਾਲਕ ਕੇ.ਕੇ ਸਭਰਵਾਲ ਜੀ, ਜਸਵਿੰਦਰ ਸਿੰਘ ਆਜ਼ਾਦ ਜੀ, ਬਲਵੀਰ ਨੂਰਪੁਰੀ,ਸਿਮਰਪ੍ਰੀਤ ਸਿੰਘ, ਮਨਜੀਤ ਕੌਰ, ਡਾਕਟਰ ਅਮਰਜੀਤ ਸਿੰਘ,ਡਾਕਟਰ ਸ਼ਮਸ਼ੇਰ ਸਿੰਘ ਆਦਿ ਹਾਜ਼ਰ ਸਨ।

# ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਪਰਿਵਾਰ ਵਿਚ ਵਾਧਾ ਹੋਇਆ ਨਵੀਂ ਪੇਂਡੂ ਇਕਾਈ ਦਾ ਕੀਤਾ ਗਠਨ

ਫ਼ਤਿਹ ਟਾਈਮਜ਼



**ਕਿਸੇ ਮੁਸ਼ਕਲ ਦੇ ਹੱਲ ਲਈ ਜਥੇਬੰਦੀ ਵਿਚ ਸ਼ਾਮਿਲ ਹੋਣ ਵਾਲੇ ਕਿਸਾਨਾਂ ਨਾਲ ਚਟਾਨ ਵਾਂਗ ਖੜਣ ਦਾ ਭਰੋਸਾ ਦਿੱਤਾ। -ਰਾਂਈਆਂਵਾਲਾ**

ਮਖੂ, 31 ਮਈ (ਸ਼ਬੇਗ ਸਿੰਘ) ਜਿਵੇਂ ਸਾਰੀਆਂ ਕਿਸਾਨ ਜਥੇਬੰਦੀਆਂ ਆਉਣ ਵਾਲੇ ਸਮੇਂ ਵਿਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਅਰੰਭੇ ਜਾਣ ਵਾਲੇ ਵੱਡੇ ਸੰਘਰਸ਼ ਦੀਆਂ ਤਿਆਰੀਆਂ ਕਰ ਰਹੀਆਂ ਹਨ ਅਤੇ ਕਿਸਾਨਾਂ ਦੇ ਮਸਲੇ ਹੱਲ ਕਰਨ ਲਈ ਆਪਣਾ ਅਸਰ ਰਾਸੂਖ ਵਰਤ ਕੇ ਮਸਲੇ ਹੱਲ ਕਰਾ ਰਹੀਆਂ ਹਨ ਅਤੇ ਆਪਣੀ ਜਥੇਬੰਦੀ ਦਾ ਵਿਸਥਾਰ ਕਰ ਰਹੀਆ ਹਨ। ਇਸੇ ਲੜੀ ਤਹਿਤ ਸੂਬਾ ਪ੍ਰਧਾਂਨ ਕਿਸਾਨ ਸੰਘਰਸ਼ ਕਮੇਟੀ ਪੰਜਾਬ ਸੁਖਦੇਵ ਸਿੰਘ ਰਾਂਈਆਂ ਵਾਲਾ ਵੀ ਆਪਣੀ ਜਥੇਬੰਦੀ ਦਾ ਵਿਸਥਾਰ ਆਪਣੇ ਆਗੂਆਂ ਨਾਲ ਮਿਲ ਕੇ ਕਿਸਾਨੀ ਮਸਲੇ ਹੱਲ ਕਰਕੇ ਕਰ ਰਹੇ ਹਨ। ਸੂਬਾ ਪ੍ਰਧਾਂਨ ਸੁਖਦੇਵ ਸਿੰਘ ਰਾਂਈਆਂ ਵਾਲਾ,ਤੇ ਜਿਲ੍ਹਾ ਫਿਰੋਜਪੁਰ ਦੀ ਟੀਮ ਜਿੰਨ੍ਹਾਂ ਵਿਚ ਜੱਗਾ ਸਿੰਘ ਨੰਗਲ,ਮਲਕੀਤ ਸਿੰਘ ਸੂਦਾਂ,ਅੰਗਰੇਜ ਸਿੰਘ ਰਸੂਲਪੁਰ,ਆਦਿ ਨੇ ਪਿੰਡ ਰਾਟੌਲ ਬੇਟ ਵਿਖੇ ਪਹੁੰਚ ਕੇ ਇਕ ਨਵੀਂ ਪੇਂਡੂ ਇਕਾਈ ਦਾ ਗਠਨ ਕੀਤਾ । ਜਿਸ ਵਿਚ ਪਿੰਡ ਰਾਟੌਲ ਬੇਟ ਦੇ ਹਰਪ੍ਰੀਤ ਸਿੰਘ ਨੂੰ ਸਰਬਸੰਮਤੀ ਨਾਲ ਪੇਂਡੂ ਇਕਾਈ ਦਾ ਪ੍ਰਧਾਂਨ ਚੁਣਿਆ ਗਿਆ। ਇਸੇ ਤਰ੍ਹਾਂ ਬਾਕੀ ਅਹੁਦੇਦਾਰਾਂ ਦੀ ਚੋਣ ਹੋਈ ਤੇ ਕਾਰਜ ਸਿੰਘ ਨੂੰ ਸਕਤਰ,ਭਾਗ ਸਿੰਘ ਮੀਤ ਪ੍ਰਧਾਂਨ ,ਸ਼ਿਵਚਰਨ ਸਿੰਘ ਖਜਾਨਚੀ ਸਰਬਸੰਮਤੀ ਨਾਲ ਚੁਣਿਆ ਗਿਆ। ਇਸ ਤੋਂ ਬਾਅਦ ਮੈਂਬਰਾਂ ਵਿਚ ਚਮਕੌਰ ਸਿੰਘ,ਸ਼ਿੰਦਰ ਸਿੰਘ,ਅਰਸ਼ਦੀਪ ਸਿੰਘ,ਸ਼ਰਨਜੀਤ ਸਿੰਘ,ਪ੍ਰਿਤਪਾਲ ਸਿੰਘ,ਅਜੀਤ ਸਿੰਘ, ਮਨਜੀਤ ਸਿੰਘ,ਸੁਖਪ੍ਰੀਤ ਸਿੰਘ,ਵੀਰ ਸਿੰਘ,ਰਾਜੂ ਸਿੰਘ, ਸਤਨਾਮ ਸਿੰਘ,ਨਿਸ਼ਾਨ ਸਿੰਘ, ਜਸਵੰਤ ਸਿੰਘ,ਅਜੀਤ ਸਿੰਘ , ਦਲਬੀਰ ਸਿੰਘ,ਚਾਨਣ ਸਿੰਘ , ਕੁਲਵੰਤ ਸਿੰਘ,ਹਰਭਜਨ ਸਿੰਘ,ਕਸ਼ਮੀਰ ਸਿੰਘ , ਸਰਦਾਰਾ ਸਿੰਘ, ਭਜਨ ਸਿੰਘ,ਬਲਦੇਵ ਸਿੰਘ,ਆਦਿ ਮੈਂਬਰ ਦੀ ਚੋਣ ਕੀਤੀ ਗਈ। ਸੂਬਾ ਪ੍ਰਧਾਂਨ ਸੁਖਦੇਵ ਸਿੰਘ ਅਤੇ ਉਸਦੀ ਸਾਰੀ ਜਿਲ੍ਹਾ ਫਿਰੋਜਪੁਰ ਦੀ ਟੀਮ ਨੇ ਸ਼ਾਮਿਲ ਕਿਸਾਨਾਂ ਨੂੰ ਵਧਾਈਆਂ ਦਿੱਤੀਆ ਤੇ ਜਥੇਬੰਦੀ ਵਿਚ ਆਉਣ ਲਈ ਜੀ ਆਇਆਂ ਨੂੰ ਕਿਹਾ। ਇਸ ਮੌਕੇ ਜਿਲ੍ਹਾ ਪ੍ਰਧਾਂਨ ਮਲਕੀਤ ਸਿੰਘ, ਸ਼ਬੇਗ ਸਿੰਘ,ਗੁਰਚਰਨ ਸਿੰਘ ਸੂਦਾਂ, ਜੱਗਾ ਸਿੰਘ ਨੰਗਲ,ਜਸਕਰਨ ਸਿੰਘ ,ਜਰਮਲ ਸਿੰਘ ਨਿਹਾਲਕੇ,ਕਾਬਲ ਸਿੰਘ,ਕੁਲਦੀਪ ਸਿੰਘ ਚਿਰਾਗਵਾਲੀ,ਕਾਬਲ ਸਿੰਘ ਲਖਨਪਾਲ , ਸੌਰਵ ਚੋਪੜਾ ਮਖੂ ਆਦਿ ਹਾਜਰ ਸਨ।

FT
ਹੱਕ ਸੱਚ ਦੀ ਆਵਾਜ਼
ਫਤਿਹ ਟਾਈਮਜ਼
CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ

ਮੋ; 99885-37575